# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 13-01-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਸ਼ਮੀਰ ਦੇ ਗੰਦਰਬਲ ਜ਼ਿਲ੍ਹੇ ਵਿੱਚ, ਵੱਕਾਰੀ ਸੋਨਮਰਗ ਸੁਰੰਗ ਦਾ ਉਦਘਾਟਨ ਕਰਦਿਆਂ ਰਾਸ਼ਟਰ ਨੂੰ ਸਮਰਪਿਤ ਕੀਤਾ।
- ਭਾਰਤੀ ਮੌਸਮ ਵਿਗਿਆਨ ਵਿਭਾਗ ਕਲ ਆਪਣਾ 150ਵਾਂ ਸਥਾਪਨਾ ਦਿਵਸ ਮਨ ਰਿਹਾ ਏ।
- ਵਿਸ਼ਵ ਦਾ ਸਭ ਤੋਂ ਵੱਡਾ ਅਧਿਆਤਮਕ ਅਤੇ ਸੱਭਿਆਚਾਰਕ ਸਮਾਗਮ, ਮਹਾਕੁੰਭ ਅੱਜ ਪ੍ਰਯਾਗਰਾਜ ਵਿੱਚ ਸ਼ੁਰੂ ਹੋਇਆ- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਮਹਾਕੁੰਭ ਦੇ ਉਦਘਾਟਨ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ।
- ਲੋਹੜੀ ਦਾ ਤਿਉਹਾਰ ਅੱਜ ਪੰਜਾਬ ਸਮੇਤ ਉੱਤਰੀ ਭਾਰਤ ਵਿੱਚ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ ।

- ਮੌਸਮ ਵਿਭਾਗ ਵਲੋਂ ਸੂਬੇ ਵਿੱਚ ਸੰਘਣੀ ਧੁੰਦ ਅਤੇ ਸੀਤ ਲਹਿਰ ਨੂੰ ਲੈ ਕੇ ਆਰੇਂਜ ਅਲਰਟ ਜਾਰੀ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਸ਼ਮੀਰ ਦੇ ਗੰਦਰਬਲ ਜ਼ਿਲ੍ਹੇ ਵਿੱਚ, ਵੱਕਾਰੀ ਸੋਨਮਰਗ ਸੁਰੰਗ ਦਾ ਉਦਘਾਟਨ ਕਰਦਿਆਂ, ਰਾਸ਼ਟਰ ਨੂੰ ਸਮਰਪਿਤ ਕੀਤਾ। ਪ੍ਰਧਾਨ ਮੰਤਰੀ ਨੇ ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ।

**BYTE:**

ਇਸ ਸਮੇਂ ਜੰਮੂ ਕਸ਼ਮੀਰ ਵਿਚ ਚੱਲ ਰਹੇ ਵੱਖ ਵੱਖ ਪ੍ਰੋਜਕਟਾਂ ਬਾਰੇ ਪ੍ਰਧਾਨ ਮੰਤਰੀ ਨੇ ਕਿਹਾ।

**BYTE:**

ਇਸ ਮੌਕੇ ਕੇਂਦਰੀ ਮੰਤਰੀ ਨਿਤਿਨ ਗਡਕਰੀ, ਡਾ: ਜਤਿੰਦਰ ਸਿੰਘ, ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ, ਮੁੱਖ ਮੰਤਰੀ ਉਮਰ ਅਬਦੁੱਲਾ, ਕੇਂਦਰੀ ਸ਼ਾਸਿਤ ਪ੍ਰਦੇਸ਼ ਦੇ ਸੀਨੀਅਰ ਮੰਤਰੀ, ਸੰਸਦ ਮੈਂਬਰ, ਵਿਧਾਇਕ ਅਤੇ ਟਨਲ ਪ੍ਰੋਜੈਕਟ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ

ਰਹੇ। ਪ੍ਰਧਾਨ ਮੰਤਰੀ ਨੇ ਸੁਰੰਗ ਦੇ ਅੰਦਰ ਜਾ ਕੇ, ਸੁਰੰਗ ਦਾ ਨਿਰੀਖਣ ਵੀ ਕੀਤਾ। ਉਨ੍ਹਾਂ ਨੂੰ ਸੁਰੰਗ ਪ੍ਰਾਜੈਕਟ ਬਾਰੇ ਜਾਣਕਾਰੀ ਵੀ ਦਿੱਤੀ ਗਈ। ਸੋਨਮਰਗ ਸੁਰੰਗ ਗੰਦਰਬਲ ਜ਼ਿਲੇ ਦੇ ਗਗਨ-ਗੀਰ ਅਤੇ ਸੋਨ-ਮਰਗ ਵਿਚਕਾਰ ਸਫ਼ਰ ਦੇ ਸਮੇਂ ਨੂੰ ਸਿਰਫ 20 ਤੋਂ 25 ਮਿੰਟ ਤੱਕ ਘਟਾ ਦੇਵੇਗੀ। ਇਹ ਸੁਰੰਗ ਅਤਿ-ਆਧੁਨਿਕ ਤਕਨੀਕਾਂ ਨਾਲ ਲੈਸ ਏ, ਜੋ ਵਰਤੋਂ ਕਾਰਾਂ ਲਈ ਅਸਲ ਸਮੇਂ ਦੀ ਜਾਣਕਾਰੀ ਅਤੇ ਨਿਰਵਿਘਨ ਸੰਪਰਕ ਪ੍ਰਦਾਨ ਕਰਦੀ ਏ। ਇਹ ਭਵਿੱਖਮੁਖੀ ਬੁਨਿਆਦੀ ਢਾਂਚਾ, ਸਫ਼ਰ ਦੇ ਤਜ਼ਰਬੇ ਨੂੰ ਵਧਾਏਗਾ ਅਤੇ ਇਲਾਕੇ ਵਿੱਚ ਸੜਕ ਸੰਪਰਕ ਲਈ, ਇੱਕ ਨਵਾਂ ਮਿਆਰ ਵੀ ਕਾਇਮ ਕਰੇਗਾ। ਇਸ ਪ੍ਰੋਜੈਕਟ 'ਤੇ ਕੰਮ ਮਈ 2015 ਵਿੱਚ ਸ਼ੁਰੂ ਹੋਇਆ ਸੀ ਅਤੇ ਪਿਛਲੇ ਸਾਲ ਪੂਰਾ ਹੋਇਆ ਏ। ਇਹ ਸੁਰੰਗ ਸੋਨਮਰਗ ਵਿੱਚ ਘਰੇਲੂ ਅਤੇ ਅੰਤਰ-ਰਾਸ਼ਟਰੀ ਸੈਰ-ਸਪਾਟੇ ਨੂੰ ਉਤਸਾਹਤ ਕਰੇਗੀ , ਜਦੋਂ ਕਿ ਸੋਨ-ਮਰਗ ਅਤੇ ਗਗਨ-ਗੀਰ ਵਿਚਕਾਰ ਹਰ ਮੌਸਮ ਵਿੱਚ ਸੰਪਰਕ ਪ੍ਰਦਾਨ ਕਰੇਗੀ। ਇਸ ਨਾਲ ਕਾਰਗਿਲ ਅਤੇ ਲੇਹ ਜ਼ਿਲ੍ਹਿਆਂ ਸਮੇਤ, ਪੂਰੇ ਖੇਤਰ ਵਿੱਚ ਸਮਾਜਿਕ ਅਤੇ ਆਰਥਿਕ ਵਿਕਾਸ ਵਿੱਚ ਵਾਧਾ ਹੋਵੇਗਾ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕਲ 14 ਜਨਵਰੀ ਨੂੰ ਭਾਰਤੀ ਮੌਸਮ ਵਿਗਿਆਨ ਵਿਭਾਗ ਦੇ 150ਵੇਂ ਸਥਾਪਨਾ ਦਿਵਸ ਮੌਕੇ ਆਯੋਜਿਤ ਸਮਾਗਮ ਨੂੰ ਸੰਬੋਧਨ ਕਰਨਗੇ। ਇਹ ਸਮਾਗਮ ਨਵੀਂ ਦਿੱਲੀ ਸਥਿਤ ਭਾਰਤ ਮੰਡਪਮ ਵਿੱਚ ਕਰਵਾਇਆ ਜਾਵੇਗਾ ।ਪ੍ਰਧਾਨ ਮੰਤਰੀ, ਦੇਸ਼ ਨੂੰ 'ਮੌਸਮ ਦੇ ਪ੍ਰਤੀ ਤਿਆਰ ਅਤੇ ਜਲਵਾਯੂ ਦੇ ਪ੍ਰਤੀ ਸਮਾਰਟ' ਰਾਸ਼ਟਰ ਬਣਾਉਣ ਦੇ ਟੀਚੇ ਨਾਲ 'ਮਿਸ਼ਨ ਮੌਸਮ' ਦੀ ਸ਼ੁਰੂਆਤ ਕਰਨਗੇ। ਇਸ ਮਿਸ਼ਨ ਦਾ ਉਦੇਸ਼ ਅਤਿਆਧੁਨਿਕ ਮੌਸਮ ਨਿਗਰਾਨੀ ਤਕਨੀਕ ਅਤੇ ਪ੍ਰਣਾਲੀ ਵਿਕਸਿਤ ਕਰਕੇ ਉੱਚ-ਪੱਧਰੀ ਸਮਰੱਥਾਵਾਂ ਨੂੰ ਪ੍ਰਾਪਤ ਕਰਨਾ ਏ। ਇਹ ਮੌਸਮ ਅਤੇ ਜਲਵਾਯੂ ਪ੍ਰਕਿਰਿਆਵਾਂ ਦੀ ਸਮਝ ਨੂੰ ਬਿਹਤਰ ਬਣਾਉਣ, ਹਵਾ ਗੁਣਵੱਤਾ ਡੇਟਾ ਪ੍ਰਦਾਨ ਕਰਨ 'ਤੇ ਵੀ ਧਿਆਨ ਕੇਂਦ੍ਰਿਤ ਕਰੇਗਾ, ਜੋ ਲੰਬੇ ਸਮੇਂ ਵਿੱਚ ਮੌਸਮ ਪ੍ਰਬੰਧਨ ਅਤੇ ਦਖਲਅੰਦਾਜ਼ੀ ਦੀ ਰਣਨੀਤੀ ਬਣਾਉਣ ਵਿੱਚ ਸਹਾਇਤਾ ਪ੍ਰਦਾਨ ਕਰੇਗਾ। ,ਪ੍ਰਧਾਨ ਮੰਤਰੀ, ਮੌਸਮ ਸਬੰਧੀ ਅਨੁਕੂਲਤਾ ਅਤੇ ਜਲਵਾਯੂ ਪਰਿਵਰਤਨ ਅਨੁਕੂਲਨ ਲਈ IMD ਵਿਜ਼ਨ-2047 ਦਸਤਾਵੇਜ਼ ਵੀ

ਜਾਰੀ ਕਰਨਗੇ। ਇਸ ਵਿੱਚ ਮੌਸਮ ਦੇ ਪੂਰਵ ਅਨੁਮਾਨ, ਮੌਸਮ ਪ੍ਰਬੰਧਨ ਅਤੇ ਜਲਵਾਯੂ ਪਰਿਵਰਤਨ ਨੂੰ ਘੱਟ ਕਰਨ ਦੀਆਂ ਯੋਜਨਾਵਾਂ ਸ਼ਾਮਲ ਨੇ।

---------------------------------------------------------

ਵਿਸ਼ਵ ਦਾ ਸਭ ਤੋਂ ਵੱਡਾ ਅਧਿਆਤਮਕ ਅਤੇ ਸੱਭਿਆਚਾਰਕ ਸਮਾਗਮ, ਮਹਾਕੁੰਭ ਅੱਜ ਪ੍ਰਯਾਗਰਾਜ ਵਿੱਚ ਪੌਸ਼ ਪੂਰਨਿਮਾ ਦੇ ਮੌਕੇ 'ਤੇ ਅੰਮ੍ਰਿਤ ਸਨਾਨ ਨਾਲ ਸ਼ੁਰੂ ਹੋ ਗਿਆ ਏ । ਗੰਗਾ, ਯਮੁਨਾ ਅਤੇ ਸਰਸਵਤੀ ਦਰਿਆਵਾਂ ਦੇ ਮਿਲਣ ਦੇ ਸਥਾਨ, ਤ੍ਰਿਵੇਣੀ ਸੰਗਮ ਦੇ ਵੱਖ-ਵੱਖ ਘਾਟਾਂ 'ਤੇ ਲੱਖਾਂ ਸ਼ਰਧਾਲੂ, ਤੀਰਥ ਯਾਤਰੀ ਅਤੇ ਹੋਰ ਲੋਕ ਪਵਿੱਤਰ ਇਸ਼ਨਾਨ ਕਰ ਰਹੇ ਨੇ । ਇਹ ਵਿਸ਼ਾਲ ਸਮਾਗਮ 26 ਫਰਵਰੀ ਨੂੰ ਮਹਾ-ਸ਼ਿਵਰਾਤਰੀ ਤੱਕ ਜਾਰੀ ਰਹੇਗਾ । ਇੱਕ ਦੁਰਲੱਭ ਆਕਾਸ਼ੀ ਸੁਮੇਲ, ਜੋ 144 ਸਾਲਾਂ ਵਿੱਚ ਸਿਰਫ ਇੱਕ ਵਾਰ ਹੁੰਦਾ ਏ, ਇਸ ਸਾਲ ਮਹਾਂ ਕੁੰਭ ਦੀ ਵਿਸ਼ੇਸ਼ਤਾ ਵਿੱਚ ਵਾਧਾ ਕਰਦਾ ਏ । ਕੱਲ੍ਹ 50 ਲੱਖ ਦੇ ਕਰੀਬ ਸ਼ਰਧਾਲੂਆਂ ਨੇ, ਤ੍ਰਿਵੇਣੀ ਸੰਗਮ ਵਿੱਚ ਇਸ਼ਨਾਨ ਕੀਤਾ। ਰਸਮੀ ਇਸ਼ਨਾਨ ਤੋਂ ਇਲਾਵਾ, ਲੱਖਾਂ ਸ਼ਰਧਾਲੂ ਸੰਗਮ ਵਿੱਚ ਕਲਪਵਾਸ ਦੀ

ਪ੍ਰਾਚੀਨ ਰਵਾਇਤ ਨੂੰ ਵੀ ਨਿਭਾਉਣਗੇ। ਪ੍ਰਾਚੀਨ ਮਾਨਤਾਵਾਂ ਅਨੁਸਾਰ, ਸ਼ਰਧਾਲੂ ਮਾਘ ਪੂਰਨਿਮਾ ਤੱਕ ਇੱਕ ਮਹੀਨਾ ਕਲਪਵਾਸ ਵਿਚ ਰਹਿਣਗੇ। ਇਸ ਪਵਿੱਤਰ ਤਿਉਹਾਰ ਦੌਰਾਨ ਸ਼ਰਧਾਲੂਆਂ ਲਈ ਨਿਰਵਿਘਨ ਅਤੇ ਅਧਿਆਤਮਿਕ ਤਜਰਬੇ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਨੇ। ਸਮਾਗਮ ਨੂੰ ਸੁਰੱਖਿਅਤ ਅਤੇ ਯਾਦਗਾਰੀ ਬਣਾਉਣ ਲਈ, ਸਰਕਾਰ ਨੇ ਕੋਈ ਕਸਰ ਬਾਕੀ ਨਹੀਂ ਛੱਡੀ। ਮਹਾਕੁੰਭ ਲਈ ਸੱਤ ਪਰਤੀ ਸੁਰੱਖਿਆ ਪ੍ਰਬੰਧ ਮੌਜੂਦ ਏ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪ੍ਰਯਾਗਰਾਜ ਵਿੱਚ, ਮਹਾਕੁੰਭ-2025 ਦੇ ਉਦਘਾਟਨ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ 'ਚ, ਪ੍ਰਧਾਨ ਮੰਤਰੀ ਨੇ ਇਸ ਨੂੰ ਭਾਰਤੀ ਕਦਰਾਂ-ਕੀਮਤਾਂ ਅਤੇ ਸੱਭਿਆਚਾਰ ਨੂੰ ਪਿਆਰ ਕਰਨ ਵਾਲੇ ਕਰੋੜਾਂ ਲੋਕਾਂ ਲਈ ਖਾਸ ਦਿਨ ਦੱਸਿਆ। ਉਨ੍ਹਾਂ ਕਿਹਾ ਕਿ, ਮਹਾਕੁੰਭ ਦੇਸ਼ ਦੀ ਸਦੀਵੀ ਅਧਿਆਤਮਿਕ ਵਿਰਾਸਤ ਦਾ ਪ੍ਰਤੀਕ ਏ ਅਤੇ ਵਿਸ਼ਵਾਸ ਤੇ ਸਦਭਾਵਨਾ ਦਾ ਤਿਉਹਾਰ ਏ। ਸ਼੍ਰੀ ਮੋਦੀ ਨੇ ਪ੍ਰਯਾਗਰਾਜ ਵਿੱਚ,

ਅਣਗਿਣਤ ਲੋਕਾਂ ਦੇ ਆਉਣ, ਪਵਿੱਤਰ ਇਸ਼ਨਾਨ ਕਰਨ ਅਤੇ ਆਸ਼ੀਰਵਾਦ ਲੈਣ 'ਤੇ ਖੁਸ਼ੀ ਜ਼ਾਹਰ ਕੀਤੀ। ਪ੍ਰਧਾਨ ਮੰਤਰੀ ਨੇ ਉਮੀਦ ਪ੍ਰਗਟ ਕੀਤੀ ਕਿ ਭਾਰਤੀ ਅਧਿਆਤਮਿਕ ਰਿਵਾਇਤ ਦਾ ਇਹ ਸ਼ਾਨਦਾਰ ਜਸ਼ਨ, ਸ਼ਰਧਾਲੂਆਂ ਅਤੇ ਸੈਲਾਨੀਆਂ ਦੇ ਜੀਵਨ ਵਿੱਚ ਨਵੀਂ ਊਰਜਾ ਅਤੇ ਉਤਸ਼ਾਹ ਲਿਆਏਗਾ ।

--------------------------------------------------

ਲੋਹੜੀ ਦਾ ਤਿਉਹਾਰ ਅੱਜ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਦਿੱਲੀ ਸਮੇਤ ਉੱਤਰੀ ਭਾਰਤ ਵਿੱਚ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਲੋਹੜੀ ਸਰਦੀਆਂ ਦੀਆਂ ਲੰਮੀਆਂ ਰਾਤਾਂ ਦੇ ਅੰਤ ਅਤੇ ਗਰਮੀਆਂ ਦੇ ਲੰਮੇ ਦਿਨਾਂ ਦੀ ਸ਼ੁਰੂਆਤ ਨੂੰ ਦਰਸਾਉਂਦੀ ਏ। ਲੋਹੜੀ ਨੂੰ ਕਈ ਰਵਾਇਤਾਂ ਦੇ ਨਾਲ ਬਹੁਤ ਉਤਸ਼ਾਹ ਨਾਲ ਮਨਾਇਆ ਜਾਂਦਾ ਏ। ਇਹ ਤਿਉਹਾਰ ਜ਼ਿਆਦਾਤਰ ਫਸਲਾਂ ਦੀ ਵਾਢੀ ਅਤੇ ਖੁਸ਼ੀ ਨਾਲ ਜੁੜਿਆ ਹੋਇਆ ਏ। ਇਸ ਮੌਕੇ 'ਤੇ ਸਾਰੇ ਗੁਆਂਢੀਆਂ, ਦੋਸਤਾਂ ਅਤੇ ਰਿਸ਼ਤੇਦਾਰਾਂ ਨੂੰ ਮੱਕੀ ਦੇ ਭੁੱਜੇ ਦਾਣੇ, ਮੂੰਗਫਲੀ, ਰੀਉੜੀ ਅਤੇ ਗੱਜਕ ਵੰਡੇ ਜਾਂਦੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਉਪ

ਰਾਸ਼ਟਰਪਤੀ ਜਗਦੀਪ ਧਨਖੜ ਨੇ ਲੋਹੜੀ ਦੇ ਮੌਕੇ 'ਤੇ ਵਧਾਈ ਦਿੱਤੀ ਏ। ਉਨ੍ਹਾਂ ਨੇ ਆਉਣ ਵਾਲੇ ਮਕਰ ਸੰਕ੍ਰਾਂਤੀ, ਪੋਂਗਲ ਅਤੇ ਮਾਘ ਬੀਹੂ ਤਿਉਹਾਰਾਂ ਲਈ ਵੀ ਵਧਾਈ ਦਿੱਤੀ ਏ , ਜੋ ਭਲਕੇ ਮਨਾਏ ਜਾਣਗੇ। ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਇਹ ਤਿਉਹਾਰ ਦੇਸ਼ ਦੀ ਅਮੀਰ ਸੱਭਿਆਚਾਰਕ ਵਿਰਸੇ ਦੇ ਪ੍ਰਤੀਕ। ਓਹਨਾਂ ਜ਼ੋਰ ਦੇ ਕੇ ਕਿਹਾ ਕਿ ਇਹ ਤਿਉਹਾਰ, ਦੇਸ਼ ਦੇ ਵੱਖ-ਵੱਖ ਇਲਾਕਿਆਂ ਵਿੱਚ ਵਖ – ਵਖ ਰੂਪਾਂ ਵਿੱਚ ਮਨਾਏ ਜਾਂਦੇ ਨੇ, ਜੋ ਕਿ ਕੁਦਰਤ ਨਾਲ ਦੇਸ਼ ਦੇ ਸਦਭਾਵਨਾ ਵਾਲੇ ਰਿਸ਼ਤੇ ਨੂੰ ਦਰਸਾਉਂਦੇ ਨੇ. ਰਾਸ਼ਟਰਪਤੀ ਨੇ ਮਿਹਨਤਕਸ਼ ਕਿਸਾਨਾਂ ਦਾ ਵੀ ਧੰਨਵਾਦ ਕੀਤਾ, ਜੋ ਦੇਸ਼ ਦਾ ਢਿੱਡ ਭਰਨ ਲਈ ਅਣਥੱਕ ਮਿਹਨਤ ਕਰਦੇ ਨੇ। ਓਹਨਾਂ ਇਹ ਵੀ ਉਮੀਦ ਜ਼ਾਹਰ ਕੀਤੀ ਕਿ ਇਹ ਤਿਉਹਾਰ, ਹਰ ਕਿਸੇ ਦੇ ਜੀਵਨ ਵਿੱਚ ਖੁਸ਼ਹਾਲੀ ਲੈ ਕੇ ਆਉਣਗੇ ਅਤੇ ਦੇਸ਼ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣ ਲਈ ਲੋਕ ਵੱਧ ਤੋਂ ਵੱਧ ਜੋਸ਼ ਨਾਲ ਕੰਮ ਕਰਨਗੇ ।

-----------------------------------------------------

ਉਪ ਰਾਸ਼ਟਰਪਤੀ ਨੇ ਆਪਣੇ ਸੰਦੇਸ਼ ਵਿਚ ਕਿਹਾ ਏ, ਕਿ ਇਹ

ਤਿਉਹਾਰ ਵਾਢੀ ਦੇ ਮੌਸਮ ਦਾ ਸਨਮਾਨ ਕਰਨ ਦੀ ਦੇਸ਼ ਦੀ ਸਦੀਆਂ ਪੁਰਾਣੀ ਰਿਵਾਇਤ ਨੂੰ ਦਰਸਾਉਂਦੇ ਨੇ । ਓਹਨਾਂ ਕਿਹਾ ਕਿ ਉਹ ਸੱਭਿਆਚਾਰਕ ਰਵਾਇਤਾਂ ਦਾ ਸੋਹਨਾ ਝਲਕਾਰਾ ਦਿੰਦੇ ਨੇ, ਜੋ ਦੇਸ਼ ਨੂੰ ਸੱਚਮੁੱਚ ਬੇਮਿਸਾਲ ਬਣਾਉਂਦੀਆਂ ਨੇ। ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਵੀ ਖੁਸ਼ੀ ਅਤੇ ਉਤਸ਼ਾਹ ਦੇ ਤਿਉਹਾਰ ਲੋਹੜੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ। ਏਧਰ ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਲੋਹੜੀ ਦੇ ਸ਼ੁੱਭ ਦਿਹਾੜੇ ਮੌਕੇ ਸਾਰਿਆਂ ਦੀ ਚੰਗੀ ਸਿਹਤ ਦੀ ਅਰਦਾਸ ਕੀਤੀ।

---------------------------------------------------

ਪੰਜਾਬ ਵਿੱਚ ਖੁਸ਼ੀਆਂ ਦਾ ਤਿਉਹਾਰ ਲੋਹੜੀ ਆਪਸੀ ਭਾਈਚਾਰਕ ਸਾਂਝ ਨਾਲ ਮਨਾਇਆ ਜਾ ਰਿਹਾ ਏ . ਦੇਸ਼ ਦੇ ਹੋਰਨਾਂ ਹਿੱਸਿਆਂ ਦੀ ਤਰ੍ਹਾਂ ਇਸ ਤਿਉਹਾਰ ਨੂੰ ਅੱਗ ਬਾਲਣ ਅਤੇ ਮਨੁੱਖਤਾ ਦੀ ਖੁਸ਼ੀ ਅਤੇ ਖੁਸ਼ਹਾਲੀ ਲਈ ਪ੍ਰਾਰਥਨਾ ਕਰਨ ਦੀਆਂ ਰਸਮਾਂ ਨਾਲ ਮਨਾਇਆ ਜਾਵੇਗਾ। ਪੰਜਾਬ, ਕੁੜੀਆਂ ਲਈ ਵਿਸ਼ੇਸ਼ ਪ੍ਰੋਗਰਾਮ ਨਾਲ "ਧੀਆਂ ਦੀ ਲੋਹੜੀ" ਵੀ ਮਨਾਉਂਦਾ ਏ.

**ਇੱਕ ਰਿਪੋਰਟ -**

---------------------------------------------------------------

ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਲੋਹੜੀ ਦਾ ਪਵਿੱਤਰ ਤਿਉਹਾਰ,ਅਜਨਾਲਾ ਸਿਵਲ ਹਸਪਤਾਲ ਵਿੱਚ ਨਵ-ਜੰਮੀਆਂ ਧੀਆਂ ਦੇ ਪਰਿਵਾਰਾਂ ਨਾਲ ਮਿਲ ਕੇ ਮਨਾਇਆ । ਸਿਵਲ ਸਰਜਨ ਡਾਕਟਰ ਕਿਰਨਦੀਪ ਕੌਰ, ਡਾਕਟਰ ਭਾਰਤੀ ਧਵਨ ਸਮੇਤ ਹੋਰ ਡਾਕਟਰ ਅਤੇ ਪਤਵੰਤੇ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਸ੍ਰੀ ਧਾਲੀਵਾਲ ਨੇ ਲੋਹੜੀ ਦੇ ਪਵਿੱਤਰ ਤਿਉਹਾਰ ਦੀ ਵਧਾਈ ਦਿੰਦਿਆਂ ਲੋਹੜੀ ਵੰਡੀ। ਉਹਨਾਂ ਅਰਦਾਸ ਕੀਤੀ ਕਿ ਇਹ ਧੀਆਂ ਪੜ੍ਹ ਲਿਖ ਕੇ ਪਰਿਵਾਰ ਅਤੇ ਦੇਸ਼ ਦਾ ਨਾਂ ਉੱਚਾ ਕਰਨ । ਉਨ੍ਹਾਂ ਕਿਹਾ ਕਿ ਮਾਣ ਅਤੇ ਖੁਸ਼ੀ ਵਾਲੀ ਗੱਲ ਏ ਕਿ ਅੰਮ੍ਰਿਤਸਰ ਜਿਲ੍ਹੇ ਦੀ ਵਾਗਡੋਰ ਬਤੌਰ ਡਿਪਟੀ ਕਮਿਸ਼ਨਰ ਇੱਕ ਲੜਕੀ ਨਿਭਾਅ ਰਹੀ ਏ । ਇਸੇ ਤਰ੍ਹਾਂ ਉਹਨਾਂ ਦੇ ਨਾਲ ਦੋ ਵਧੀਕ ਡਿਪਟੀ ਕਮਿਸ਼ਨਰ, ਦੋ ਐਸ ਡੀ ਐਮ, ਸਾਡੇ ਸਿਵਲ ਸਰਜਨ, ਕਈ ਤਹਿਸੀਲਦਾਰ, ਨਾਇਬ ਤਹਸੀਲਦਾਰ ਅਤੇ ਪਟਵਾਰੀ ਦੇ ਤੌਰ ਉੱਤੇ ਵੀ ਸਾਡੀਆਂ ਧੀਆਂ ਕੰਮ ਕਰ ਰਹੀਆਂ ਨੇ । ਉਹਨਾਂ ਕਿਹਾ

ਕਿ ਪੁੱਤਾਂ ਅਤੇ ਧੀਆਂ ਦੇ ਪਾਲਣ ਪੋਸ਼ਣ ਅਤੇ ਪੜ੍ਹਾਈ ਵਿੱਚ  ਫਰਕ ਨਹੀਂ ਕਰਨਾ ਚਾਹੀਦਾ ।

---------------------------------------------------------------

ਚੀਫ਼ ਆਫ਼ ਡਿਫੈਂਸ ਸਟਾਫ਼ ਜਨਰਲ ਅਨਿਲ ਚੌਹਾਨ ਨੇ ਕਿਹਾ ਕਿ ਸਾਲ 2047 ਤੱਕ, ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਵਿੱਚ, ਦੇਸ਼ ਦੇ ਨੌਜਵਾਨ ਸਭ ਤੋਂ ਵੱਡਾ ਯੋਗਦਾਨ ਪਾਉਣਗੇ । ਅੱਜ ਨਵੀਂ ਦਿੱਲੀ ਵਿੱਚ ਨੈਸ਼ਨਲ ਕੈਡੇਟ ਕੋਰ NCC ਗਣਤੰਤਰ ਦਿਵਸ 2025 ਕੈਂਪ ਵਿੱਚ ਨੌਜਵਾਨ NCC  ਕੈਡਿਟਾਂ ਨੂੰ ਸੰਬੋਧਨ ਕਰਦੇ ਹੋਏ, ਜਨਰਲ ਚੌਹਾਨ ਨੇ ਸਾਲ ਭਰ ਵਿੱਚ ਇੱਕ ਪੇੜ ਮਾਂ ਕੇ ਨਾਮ ਮੁਹਿੰਮ ਤਹਿਤ, ਇੱਕ ਲੱਖ ਤੋਂ ਵੱਧ ਬੂਟੇ  ਲਗਾਉਣ ਲਈ ਨੌਜਵਾਨ ਕੈਡਿਟਾਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਪੁਨੀਤ ਸਾਗਰ ਅਭਿਆਨ ਤਹਿਤ, ਕੈਡਿਟਾਂ ਦੁਆਰਾ, ਲਗਭਗ 327 ਟਨ ਕੂੜਾ ਵੀ ਹਟਾਇਆ ਗਿਆ। ਉਨ੍ਹਾਂ ਨੌਜਵਾਨ ਕੈਡਿਟਾਂ ਨੂੰ ਕਦੇ ਵੀ ਹਾਰ ਨਾ ਮੰਨਣ ਅਤੇ ਰਾਸ਼ਟਰ ਨਿਰਮਾਣ ਗਤੀਵਿਧੀਆਂ ਵਿੱਚ ਯੋਗਦਾਨ ਪਾਉਣ ਦੀ ਸਲਾਹ ਦਿੱਤੀ।

---

ਭਾਰਤ ਸਰਕਾਰ ਨੇ ਇਸ ਵਰੇ 26 ਜਨਵਰੀ ਨੂੰ, ਨਵੀਂ ਦਿੱਲੀ ਵਿੱਚ ਹੋਣ ਵਾਲੀ 76ਵੇਂ ਗਣਤੰਤਰ ਦਿਵਸ ਪਰੇਡ ਵਿੱਚ ਸ਼ਾਮਲ ਹੋਣ ਲਈ, 10 ਹਜ਼ਾਰ ਵਿਸ਼ੇਸ਼ ਮਹਿਮਾਨਾਂ ਨੂੰ ਸੱਦਾ ਦਿੱਤਾ ਏ ।ਇਨ੍ਹਾਂ ਵਿਸ਼ੇਸ਼ ਮਹਿਮਾਨਾਂ ਵਿੱਚ ਪੰਜਾਬ ਦੇ 10, ਚੰਡੀਗੜ੍ਹ ਦੇ 4, ਹਰਿਆਣਾ ਦੇ 25 ਅਤੇ ਹਿਮਾਚਲ ਪ੍ਰਦੇਸ਼ ਦੇ 48 ਵਿਅਕਤੀਆਂ ਸਮੇਤ ਕੁਲ 87 ਹੋਣਹਾਰ ਵਿਅਕਤੀ ਸ਼ਾਮਲ ਨੇ । ਸੁਨਹਿਰੀ ਭਾਰਤ ਦੇ ਆਰਕੀਟੈਕਟ ਵਜੋਂ ਜਾਣੇ ਜਾਂਦੇ, ਇਹ ਵਿਸ਼ੇਸ਼ ਸੱਦੇ ਗਏ ਮਹਿਮਾਨ ਭਾਰਤ ਦੀ ਵਿਭਿੰਨਤਾ ਅਤੇ ਤਰੱਕੀ ਦੀ ਭਾਵਨਾ ਨੂੰ ਦਰਸਾਉਂਦੇ ਹਨ। ਇਨ੍ਹਾਂ ਵਿੱਚ ਵੱਖ-ਵੱਖ ਖੇਤਰਾਂ ਵਿੱਚ ਉੱਚ ਪ੍ਰਾਪਤੀਆਂ ਕਰਨ ਵਾਲੇ ਅਤੇ ਸਰਕਾਰੀ ਯੋਜਨਾਵਾਂ ਦੀ ਮਿਸਾਲੀ ਵਰਤੋਂ ਕਰਨ ਵਾਲੇ ਵਿਅਕਤੀ ਸ਼ਾਮਲ ਨੇ । ਇਸ ਪਹਿਲਕਦਮੀ ਦਾ ਉਦੇਸ਼, ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਯੋਗਦਾਨ ਦਾ ਸਨਮਾਨ ਕਰਨਾ ਅਤੇ ਰਾਸ਼ਟਰੀ ਮੰਚ 'ਤੇ ਉਨ੍ਹਾਂ ਦੇ ਪ੍ਰੇਰਨਾਦਾਇਕ ਕੰਮ ਨੂੰ ਪ੍ਰਦਰਸ਼ਿਤ ਕਰਨਾ ਏ । ਇਨ੍ਹਾਂ ਵਿਅਕਤੀਆਂ ਨੇ ਜਨਤਕ ਸਿਹਤ

ਅਤੇ ਤੰਦਰੁਸਤੀ ਨੂੰ ਬਿਹਤਰ ਬਣਾਉਣ ਲਈ, ਬੇਮਿਸਾਲ ਲੀਡਰਸ਼ਿਪ, ਭਾਈਚਾਰਕ ਸੇਵਾ ਅਤੇ ਸਮਰਪਣ ਦਾ ਪ੍ਰਦਰਸ਼ਨ ਕੀਤਾ ਏ।

---------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਦੇ ਵੱਖ-ਵੱਖ ਇਲਾਕਿਆਂ ਵਿੱਚ ਠੰਡ ਜਾਰੀ ਰਹਿਣ ਦੀ ਭਵਿੱਖਬਾਣੀ ਕੀਤੀ ਏ । ਏਧਰ ਮੌਸਮ ਵਿਭਾਗ ਨੇ ਪੰਜਾਬ ਤੇ ਚੰਡੀਗੜ੍ਹ 'ਚ ਧੁੰਦ ਨੂੰ ਲੈ ਕੇ ਅੱਜ ਆਰੇਂਜ ਅਲਰਟ ਜਾਰੀ ਕੀਤਾ ਗਿਆ ਏ । ਸੂਬੇ ਦੇ 11 ਜ਼ਿਲ੍ਹਿਆਂ ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਬਠਿੰਡਾ, ਲੁਧਿਆਣਾ, ਬਰਨਾਲਾ, ਮਾਨਸਾ, ਸੰਗਰੂਰ, ਪਟਿਆਲਾ ਅਤੇ ਮਲੇਰਕੋਟਲਾ ਵਿੱਚ ਸੰਘਣੀ ਧੁੰਦ ਅਤੇ ਸੀਤ ਲਹਿਰ ਨੂੰ ਲੈ ਕੇ ਆਰੇਂਜ ਅਲਰਟ ਜਾਰੀ ਕੀਤਾ ਗਿਆ ਏ। ਸੂਬੇ ਵਿਚ ਦਿਖਤਾ  50 ਮੀਟਰ ਤੋਂ ਘੱਟ ਰਹਿਣ ਦੀ ਉਮੀਦ ਏ । ਠੰਡ ਵਧਣ ਦਾ ਵੀ ਖਦਸ਼ਾ ਜਤਾਇਆ ਗਿਆ ਏ । ਪੰਜਾਬ ਵਿੱਚ ਅੱਜ ਤੇ ਕਲ  ਜਨਵਰੀ ਨੂੰ ਮੌਸਮ ਖੁਸ਼ਕ ਰਹਿਣ ਦੀ ਸੰਭਾਵਨਾ ਏ। ਕਲ ਰਾਤ ਤੋਂ ਇੱਕ ਨਵੀਂ ਪੱਛਮੀ ਗੜਬੜੀ ਸਰਗਰਮ ਹੋ

ਰਹੀ ਏ , ਜਿਸ ਕਾਰਨ 15 ਅਤੇ 16 ਜਨਵਰੀ ਨੂੰ ਪੰਜਾਬ ਦੇ ਮੈਦਾਨੀ ਇਲਾਕਿਆਂ ‘ਚ ਬਾਰਿਸ਼ ਹੋ ਸਕਦੀ ਏ।

---------------------------------------------------

## ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਸ਼ਮੀਰ ਦੇ ਗੰਦਰਬਲ ਜ਼ਿਲ੍ਹੇ ਵਿੱਚ, ਵੱਕਾਰੀ ਸੋਨਮਰਗ ਸੁਰੰਗ ਦਾ ਉਦਘਾਟਨ ਕਰਦਿਆਂ ਰਾਸ਼ਟਰ ਨੂੰ ਸਮਰਪਿਤ ਕੀਤਾ।
- ਭਾਰਤੀ ਮੌਸਮ ਵਿਗਿਆਨ ਵਿਭਾਗ ਕਲ ਆਪਣਾ 150ਵਾਂ ਸਥਾਪਨਾ ਦਿਵਸ ਮਨ ਰਿਹਾ ਏ।
- ਵਿਸ਼ਵ ਦਾ ਸਭ ਤੋਂ ਵੱਡਾ ਅਧਿਆਤਮਕ ਅਤੇ ਸੱਭਿਆਚਾਰਕ ਸਮਾਗਮ, ਮਹਾਕੁੰਭ ਅੱਜ ਪ੍ਰਯਾਗਰਾਜ ਵਿੱਚ ਸ਼ੁਰੂ ਹੋਇਆ- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਮਹਾਕੁੰਭ ਦੇ ਉਦਘਾਟਨ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ।
- ਲੋਹੜੀ ਦਾ ਤਿਉਹਾਰ ਅੱਜ ਪੰਜਾਬ ਸਮੇਤ ਉੱਤਰੀ ਭਾਰਤ ਵਿੱਚ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ ।

- ਮੌਸਮ ਵਿਭਾਗ ਵਲੋਂ ਸੂਬੇ ਵਿੱਚ ਸੰਘਣੀ ਧੁੰਦ ਅਤੇ ਸੀਤ ਲਹਿਰ ਨੂੰ ਲੈ ਕੇ ਆਰੇਂਜ ਅਲਰਟ ਜਾਰੀ ।